ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਸਰਕਾਰੀ ਅਦਾਰਿਆਂ ਦਾ ਸਾਥ ਦੇ ਕੇ ਡਾ.ਓਬਰਾਏ ਨੇ ਕਾਇਮ ਕੀਤੀ ਵੱਖਰੀ ਮਿਸਾਲ : ਸੋਨੀ

ਕਰੋਨਾ ਜੰਗ ਦੀ ਮੋਹਰਲੀ ਕਤਾਰ 'ਚ ਲੜਨ ਵਾਲੇ ਯੋਧਿਆਂ ਦਾ ਡਾ.ਓਬਰਾਏ ਨੇ ਵਧਾਇਆ ਹੌਂਸਲਾ

ਸਰਬਤ ਦਾ ਭਲਾ ਟਰੱਸਟ ਵੱਲੋਂ ਕੀਤੀ ਜਾ ਰਹੀ ਮਾਨਵਤਾ ਦੀ ਵੱਡੀ ਸੇਵਾ-ਔਜਲਾ

20 ਕਰੋੜ ਦਾ ਰੱਖਿਆ ਬਜਟ,ਨਿਰੰਤਰ ਜਾਰੀ ਰਹਿਣਗੇ ਸਾਰੇ ਸੇਵਾ ਕਾਰਜ : ਡਾ. ਓਬਰਾਏ

ਅੰਮ੍ਰਿਤਸਰ, 31 ਮਈ ( )-'ਸਰਬਤ ਦਾ ਭਲਾ ਟਰੱਸਟ ਦੇ ਬਾਨੀ ਸ. ਐਸ. ਪੀ. ਸਿੰਘ ਉਬਰਾਏ ਕੋਵਿਡ ਮਹਾਂਮਾਰੀ ਦੌਰਾਨ ਸਮੁੱਚੀ ਲੋਕਾਈ ਦੀ ਲਗਾਤਾਰ ਸੇਵਾ ਕਰ ਰਹੇ ਹਨ। ਇਸ ਲੜਾਈ ਵਿਚ ਸਾਨੂੰ ਇੰਨਾਂ ਦਾ ਵੱਡਾ ਯੋਗਦਾਨ ਮਿਲਿਆ ਹੈ ਅਤੇ ਇੰਨਾਂ ਨੇ ਲੋੜਵੰਦਾਂ ਦੀ ਬਾਂਹ ਫੜਨ ਦੇ ਨਾਲ-ਨਾਲ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਨੂੰ ਵੱਡੀ ਸਹਾਇਤਾ ਦਿੱਤੀ ਹੈ। ਉਕਤ ਸਬਦਾਂ ਦਾ ਪ੍ਰਗਟਾਵਾ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਸਥਾਨਕ ਸਰਕਟ ਹਾਊਸ ਵਿਖੇ ਸਰਬਤ ਦਾ ਭਲਾ ਟਰੱਸਟ ਵੱਲੋਂ ਅੱਜ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਨੂੰ ਫ਼ਿਰ ਵੱਡੀ ਗਿਣਤੀ 'ਚ ਦਿੱਤੀਆਂ ਪੀ.ਪੀ.ਈ ਕਿੱਟਾਂ, ਸਰਜੀਕਲ ਮਾਸਕ, ਇਨਫਰਾਰੈੱਡ ਥਰਮਾਮੀਟਰ, ਸੈਨੀਟਾਈਜ਼ਰ ਸਮੇਤ ਸਿਹਤ ਸੁਰੱਖਿਆ ਨਾਲ ਸਬੰਧਤ ਹੋਰ ਲੋੜੀਂਦਾ ਸਾਮਾਨ ਪ੍ਰਾਪਤ ਕਰਨ ਮੌਕੇ ਕੀਤਾ। ਸ੍ਰੀ ਸੋਨੀ ਨੇ ਲੋਕਾਂ ਨੂੰ ਚੌਕਸ ਕਰਦੇ ਕਿਹਾ ਕਿ ਲਾਕ ਡਾਊਨ ਖੋਲਣ ਦਾ ਮਤਲਬ ਬਿਮਾਰੀ ਦਾ ਖਤਮ ਹੋਣਾ ਨਹੀਂ, ਬਲਕਿ ਲੋਕਾਂ ਦੀ ਲੋੜ ਨੂੰ ਵੇਖਦੇ ਹੋਏ ਇਹ ਖੁੱਲ ਦਿੱਤੀਆਂ ਗਈ ਹੈ ਅਤੇ ਲੋਕ ਸਾਵਧਾਨੀ ਨਾਲ ਹੀ ਆਪਣੇ ਘਰਾਂ ਤੋਂ ਬਾਹਰ ਨਿਕਲਣ।

ਇਸ ਮੌਕੇ ਆਪਣੀ ਨਿੱਜੀ ਕਮਾਈ 'ਚੋਂ ਕਰੋੜਾਂ ਰੁਪਏ ਖਰਚ ਕੇ ਸਮਾਜ ਦੀ ਵੱਡੀ ਸੇਵਾ ਕਰਨ ਵਾਲੇ ਡਾ.ਐਸ.ਪੀ. ਸਿੰਘ ਓਬਰਾਏ ਨੇ ਆਪਣੀ ਸਰਪ੍ਰਸਤੀ ਹੇਠ ਚੱਲਣ ਵਾਲੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਨੂੰ ਸਿਹਤ ਸੁਰੱਖਿਆ ਨਾਲ ਸਬੰਧਤ ਲੋੜੀਂਦਾ ਸਾਮਾਨ ਦਿੱਤਾ। ਡਾ.ਐੱਸ.ਪੀ.ਸਿੰਘ ਓਬਰਾਏ ਨੇ ਕੈਬਨਿਟ ਮੰਤਰੀ ਓਮ ਪ੍ਰਕਾਸ਼ ਸੋਨੀ ਅਤੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੀ ਮੌਜੂਦਗੀ 'ਚ ਦੱਸਿਆ ਕਿ ਕਰੋਨਾ ਮਹਾਂਮਾਰੀ ਕਾਰਨ ਪੈਦਾ ਹੋਏ ਹਾਲਾਤਾਂ ਨਾਲ ਨਜਿੱਠਣ ਲਈ ਉਨਾਂ ਨੇ 50 ਹਜ਼ਾਰ ਲੋੜਵੰਦ ਪਰਿਵਾਰਾਂ ਨੂੰ ਹਰ ਮਹੀਨੇ ਸੁੱਕਾ ਰਾਸ਼ਨ ਦੇਣ ਤੋਂ ਇਲਾਵਾ ਸਾਰੇ ਮੈਡੀਕਲ ਕਾਲਜਾਂ,ਹਰੇਕ ਜ਼ਿਲੇ ਦੇ ਸਰਕਾਰੀ ਹਸਪਤਾਲਾਂ,ਏਅਰਪੋਰਟ ਅਥਾਰਟੀਆਂ ਅਤੇ ਸਿਵਲ ਤੇ ਪੁਲੀਸ ਪ੍ਰਸ਼ਾਸਨਾਂ ਆਦਿ ਨੂੰ ਮੋਹਰਲੀ ਕਤਾਰ 'ਚ ਲੜਨ ਵਾਲੇ ਕਰਮਚਾਰੀਆਂ ਦੀ ਸਿਹਤ ਦੀ ਸੁਰੱਖਿਆ ਲਈ ਲੋੜੀਂਦਾ ਸਾਮਾਨ ਮੁਹੱਈਆ ਕਰਾਉਣ ਲਈ 20 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ। ਉਨਾਂ ਦੱਸਿਆ ਕਿ ਅੱਜ ਇੱਥੇ ਸਿਵਲ ਸਰਜਨ ਦਫ਼ਤਰ ਦੀ ਮੰਗ ਤੇ ਉਨਾਂ ਨੂੰ 400 ਪੀ.ਪੀ.ਈ. ਕਿੱਟਾਂ,100 ਐੱਨ.95 ਮਾਸਕ,8 ਇਨਫਰਾਰੈੱਡ ਥਰਮਾਮੀਟਰ,75 ਲੀਟਰ ਵੱਖ-ਵੱਖ ਤਰਾਂ ਦਾ ਸੈਨੀਟਾਈਜ਼ਰ,4 ਹਜ਼ਾਰ ਤੀਹਰੀ ਪਰਤ ਵਾਲੇ ਸਰਜੀਕਲ ਮਾਸਕ,1 ਹਜ਼ਾਰ ਦਸਤਾਨੇ ਅਤੇ 3 ਸੈਨੀਟਾਈਜ਼ਰ ਸਟੈਂਡ ਦਿੱਤੇ ਗਏ ਹਨ। ਉਨਾਂ ਇਹ ਵੀ ਕਿਹਾ ਕਿ ਜਿੰਨਾ ਚਿਰ ਤੱਕ ਇਹ ਬਿਪਤਾ ਟੱਲ ਨਹੀਂ ਜਾਂਦੀ,ਉਨਾਂ ਚਿਰ ਤੱਕ ਉਹ ਸਾਰੇ ਸੇਵਾ ਕਾਰਜ ਨਿਰੰਤਰ ਨਿਭਾਉਂਦੇ ਰਹਿਣਗੇ ਅਤੇ ਕਿਸੇ ਵੀ ਜ਼ਿਲੇ ਦੇ ਪ੍ਰਸ਼ਾਸਨ ਵੱਲੋਂ ਮੰਗ ਕਰਨ ਤੇ ਉਸ ਨੂੰ

ਟਰੱਸਟ ਵੱਲੋਂ ਤੁਰੰਤ ਲੋੜੀਂਦਾ ਸਾਮਾਨ ਮੁਹੱਈਆ ਕਰਵਾਇਆ ਜਾਵੇਗਾ।

ਇਸੇ ਦੌਰਾਨ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਸਰਕਾਰ ਵੱਲੋਂ ਡਾ.ਓਬਰਾਏ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਇਨਾਂ ਨਾਜ਼ੁਕ ਹਾਲਾਤਾਂ ਦੌਰਾਨ ਉਨਾਂ ਵੱਲੋਂ ਹਰੇਕ ਖੇਤਰ ਅੰਦਰ ਆਪਣੇ ਨਿਸ਼ਕਾਮ ਸੇਵਾ ਕਾਰਜਾਂ ਰਾਹੀਂ ਸਰਕਾਰ ਤੇ ਆਮ ਜਨਤਾ ਦਾ ਜੋ ਸਾਥ ਦਿੱਤਾ ਜਾ ਰਿਹਾ ਹੈ, ਉਸ ਨੂੰ ਸ਼ਬਦਾਂ 'ਚ ਬਿਆਨ ਕਰਨਾ ਬਹੁਤ ਔਖਾ ਹੈ।

ਇਸ ਮੌਕੇ ਸਿਵਲ ਸਰਜਨ ਅੰਮ੍ਰਿਤਸਰ ਡਾ.ਜੁਗਲ ਕਿਸ਼ੋਰ,ਪ੍ਰਿੰਸੀਪਲ ਸੁਜਾਤਾ ਸ਼ਰਮਾ ਅਤੇ ਉਨਾਂ ਦੇ ਸਮੁੱਚੇ ਸਟਾਫ਼ ਨੇ ਵੀ ਡਾ.ਓਬਰਾਏ ਦਾ ਇਸ ਸੇਵਾ ਕਾਰਜ ਲਈ ਧੰਨਵਾਦ ਕਰਦਿਆਂ ਕਿਹਾ ਕਿ ਉਨਾਂ ਵੱਲੋਂ ਖ਼ੁਦ ਆ ਕੇ ਕਰੋਨਾ ਜੰਗ 'ਚ ਲੜ ਰਹੇ ਅੰਮ੍ਰਿਤਸਰ ਦੇ ਸਮੁੱਚੇ ਸਟਾਫ ਨੂੰ ਹੱਲਾਸ਼ੇਰੀ ਅਤੇ ਲੋੜੀਂਦਾ ਸਾਮਾਨ ਦੇਣ ਨਾਲ ਉਨਾਂ ਦੇ ਹੌਸਲੇ ਹੋਰ ਬੁਲੰਦ ਹੋਏ ਹਨ,ਜਿਸ ਸਦਕਾ ਉਹ ਆਪਣੀ ਡਿਊਟੀ ਨੂੰ ਹੋਰ ਵੀ ਬਾਖ਼ੂਬੀ ਨਾਲ ਨਿਭਾਉਣਗੇ।

ਇਸ ਦੌਰਾਨ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ਼ਿਵਦੁਲਾਰ ਸਿੰਘ ਢਿੱਲੋਂ, ਪੁਲਿਸ ਕਮਿਸ਼ਨਰ ਡਾ.ਸੁਖਚੈਨ ਸਿੰਘ ਗਿੱਲ,ਵਿਕਾਸ ਸੋਨੀ, ਰਵਿੰਦਰ ਰੌਬਿਨ, ਟਰੱਸਟ ਸਲਾਹਕਾਰ ਸੁਖਦੀਪ ਸਿੱਧੂ, ਜ਼ਿਲਾ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜਨਰਲ ਸਕੱਤਰ ਮਨਪ੍ਰੀਤ ਸੰਧੂ, ਵਿੱਤ ਸਕੱਤਰ ਨਵਜੀਤ ਘਈ, ਮੀਤ ਪ੍ਰਧਾਨ ਸ਼ਿਸ਼ਪਾਲ ਲਾਡੀ, ਸ਼ਿਵਦੇਵ ਸਿੰਘ ਬੱਲ ਤੋਂ ਇਲਾਵਾ ਮੁਲਾਜ਼ਮ ਆਗੂ ਬਾਬਾ ਸਮਸ਼ੇਰ ਸਿੰਘ ਕੋਹਰੀ, ਆਰ.ਕੇ.ਦੇਵਗਨ, ਡਾ.ਮਨਜੀਤ ਸਿੰਘ, ਗੁਰਦੇਵ ਸਿੰਘ ਢਿੱਲੋਂ, ਅਸ਼ੋਕ ਕੁਮਾਰ ਆਦਿ ਵੀ ਮੌਜੂਦ ਸਨ।

ਕੈਪਸ਼ਨ : ਸਿਵਲ ਸਰਜਨ ਦਫ਼ਤਰ ਅੰਮਿਤਸਰ ਨੂੰ ਸਾਮਾਨ ਦੇਣ ਮੌਕੇ ਡਾ.ਐੱਸ. ਪੀ. ਸਿੰਘ ਓਬਰਾਏ, ਕੈਬਨਿਟ ਮੰਤਰੀ ਓ.ਪੀ.ਸੋਨੀ,ਐੱਮ.ਪੀ.ਗੁਰਜੀਤ ਸਿੰਘ ਔਜਲਾ,ਡਿਪਟੀ ਕਮਿਸ਼ਨਰ ਸ਼ਿਵਦੁਲਾਰ ਸਿੰਘ ਢਿੱਲੋਂ,ਪੁਲਿਸ ਕਮਿਸ਼ਨਰ ਸੁਖਚੈਨ ਸਿੰਘ ਗਿੱਲ ਤੇ ਟਰੱਸਟ ਮੈਂਬਰ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਮਿਸ਼ਨ ਫਤਿਹ-ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਵੱਲੋਂ ਡਾਕਟਰਾਂ ਨੂੰ ਥਾਪੜਾ

ਸ੍ਰੀ ਦਰਬਾਰ ਸਾਹਿਬ ਪਹੁੰਚ ਕੇ ਕੀਤੀ ਸਰਬਤ ਦੇ ਭਲੇ ਦੀ ਅਰਦਾਸ

ਅੰਮ੍ਰਿਤਸਰ, 31 ਮਈ ( )-ਕੋਵਿਡ 19 ਵਿਰੁੱਧ ਜੰਗ ਵਿਚ ਡਟੇ ਸਿਹਤ ਵਿਭਾਗ ਦੇ ਅਮਲੇ ਨੂੰ ਥਾਪੜਾ ਦੇਣ ਲਈ ਕੈਬਨਿਟ ਮੰਤਰੀ ਸ. ਬਲਬੀਰ ਸਿੰਘ ਸਿੱਧੂ ਅੱਜ ਵਿਸ਼ੇਸ਼ ਤੌਰ ਉਤੇ ਅੰਮ੍ਰਿਤਸਰ ਪੁੱਜੇ। ਇੱਥੇ ਉਨਾਂ ਡਾਕਟਰਾਂ ਤੇ ਹੋਰ ਸਟਾਫ ਦੀਆਂ ਮੁਸ਼ਿਕਲਾਂ ਸੁਣੀਆਂ। ਸਿਹਤ ਵਿਭਾਗ ਵੱਲੋਂ ਸੰਕਟ ਮੌਕੇ ਦਿੱਤੀਆਂ ਜਾ ਰਹੀਆਂ ਸੇਵਾਵਾਂ ਤੋਂ ਖੁਸ਼ ਹੁੰਦੇ ਸ. ਸਿੱਧੂ ਨੇ ਕਿਹਾ ਕਿ ਮੈਂ ਬਤੌਰ ਮੰਤਰੀ ਵਿਭਾਗ ਦੀਆਂ ਸੇਵਾਵਾਂ ਦਾ ਰਿਣੀ ਹਾਂ ਅਤੇ ਅੱਜ ਵਿਸ਼ੇਸ਼ ਤੌਰ ਉਤੇ ਆਪਣੇ ਵਿਭਾਗ ਦੇ ਇੰਨਾਂ ਯੋਧਿਆਂ ਦਾ ਧੰਨਵਾਦ ਕਰਨ ਲਈ ਹੀ ਆਇਆ ਹਾਂ। ਉਨਾਂ ਕਿਹਾ ਕਿ ਜਿਸ ਤਰਾਂ ਸਾਡੇ ਡਾਕਟਰ ਤੇ ਸਮੁੱਚਾ ਅਮਲਾ ਦਿਨ-ਰਾਤ ਇਕ ਕਰਕੇ ਸ਼ੱਕੀ ਮਰੀਜਾਂ ਦੇ ਨਮੂਨੇ ਅਤੇ ਉਨਾਂ ਦੇ ਸੰਪਰਕ ਵਿਚ ਆਏ ਲੋਕਾਂ ਦੀ ਤਲਾਸ਼ ਕਰ ਰਿਹਾ ਹੈ, ਉਸ ਤੋਂ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਅਸੀਂ ਛੇਤੀ ਹੀ ਇਹ ਮਿਸ਼ਨ ਫ਼ਤਿਹ ਕਰ ਲਵਾਗੇ।

ਉਨਾਂ ਕਿਹਾ ਹੁਣ ਤੱਕ ਪੰਜਾਬ ਵਿਚ ਜਿੰਨੇ ਵੀ ਮਰੀਜ਼ ਸਾਹਮਣੇ ਆਏ ਹਨ, ਉਹ ਜ਼ਿਆਦਾਤਰ ਕਿਧਰੇ ਨਾ ਕਿਧਰੇ ਦੀ ਟਰੈਵਲ ਹਿਸਟਰੀ ਵਾਲੇ ਹਨ। ਸਾਡੇ ਵਿਭਾਗ ਨੇ ਉਨਾਂ ਦੇ ਸੰਪਰਕ ਖੋਜ ਕੇ ਕੋਵਿਡ 19 ਦੀਆਂ ਜੜਾਂ ਨੂੰ ਹੱਥ ਪਾ ਲਿਆ ਹੈ, ਜਿਸ ਨਾਲ ਬਿਮਾਰੀ ਨੂੰ ਅੱਗੇ ਫੈਲਣ ਦਾ ਮੌਕਾ ਨਹੀਂ ਮਿਲਿਆ। ਉਨਾਂ ਕਿਹਾ ਕਿ ਜਿਸ ਤਰਾਂ ਅਸੀਂ ਦੂਸਰੇ ਰਾਜਾਂ ਨੂੰ ਜਾਣ ਵਾਲੇ ਸਾਰੇ ਲੋਕਾਂ ਦੀ ਡਾਕਟਰੀ ਜਾਂਚ ਕਰਕੇ ਭੇਜ ਰਹੇ ਹਾਂ, ਜੇਕਰ ਬਾਹਰਲੇ ਰਾਜ ਵੀ ਇਸ ਤਰਾਂ ਸਕਰੀਨਿੰਗ ਕਰਕੇ ਭੇਜਣ ਤਾਂ ਵਾਇਰਸ ਨੂੰ ਹੋਰ ਵੀ ਫੈਲਣ ਤੋਂ ਰੋਕਿਆ ਜਾ ਸਕਦਾ ਹੈ। ਉਨਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸੇ ਤਰਾਂ ਸਾਵਧਾਨੀ ਅਪਨਾਉਂਦੇ ਹੋਏ ਇਸ ਜੰਗ ਵਿਚ ਡਟੇ ਰਹਿਣ ਤੇ ਧਾਰਮਿਕ ਸਥਾਨਾਂ ਉਤੇ ਵੀ ਭੀੜ ਇਕੱਠੀ ਨਾ ਹੋਣ ਦੇਣ ਤਾਂ ਛੇਤੀ ਹੀ ਅਸੀਂ ਇਸ ਸੰਕਟ ਵਿਚੋਂ ਬਾਹਰ ਆ ਜਾਵਾਂਗੇ। ਅੰਮ੍ਰਿਤਸਰ ਵਿਚ ਲਗਾਤਾਰ ਆ ਰਹੇ ਮਰੀਜ਼ਾਂ ਦੀ ਗੱਲ ਕਰਦੇ ਉਨਾਂ ਕਿਹਾ ਕਿ ਇਹ ਪੰਜਾਬ ਦਾ ਵੱਡਾ ਆਵਾਜਾਈ ਵਾਲਾ ਸ਼ਹਿਰ ਹੈ, ਅੰਤਰਰਾਸ਼ਟਰੀ ਹਵਾਈ ਅੱਡਾ ਅਤੇ ਅੰਤਰਰਾਸ਼ਟਰੀ ਸਰਹੱਦ ਹੋਣ ਕਾਰਨ ਬਾਹਰੋਂ ਆਉਣ ਵਾਲਿਆਂ ਦੇ ਮੌਕੇ ਹੋਰ ਵੱਧ ਜਾਂਦੇ ਹਨ, ਇਸ ਤਰਾਂ ਲਗਾਤਾਰ ਇੱਥੇ ਗਿਣਤੀ ਵਧੀ ਹੈ, ਪਰ ਘਬਰਾਉਣ ਦੀ ਲੋੜ ਨਹੀਂ। ਸਾਡੇ ਵੱਲੋਂ ਹਰੇਕ ਮਰੀਜ਼ ਦੇ ਸੰਪਰਕ ਤਲਾਸ਼ ਕੇ ਉਨਾਂ ਨੂੰ ਇਕਾਂਤਵਾਸ ਵਿਚ ਰੱਖਿਆ ਜਾ ਰਿਹਾ ਹੈ। ਉਨਾਂ ਕਿਹਾ ਕਿ ਸਾਡੀਆਂ ਟੀਮਾਂ ਮੁਸ਼ਤੈਦੀ ਨਾਲ ਕੰਮ ਕਰ ਰਹੀਆਂ ਹਨ ਅਤੇ ਹੁਣ ਸਾਧਨਾਂ ਦੀ ਵੀ ਕੋਈ ਕਮੀ ਨਹੀਂ ਰਹੀ। ਇਸ ਲਈ ਘਬਰਾਹਟ ਵਾਲੀ ਗੱਲ ਰਤੀ ਭਰ ਨਹੀਂ, ਸਿਰਫ ਸਾਵਧਾਨੀ ਦੀ ਲੋੜ ਹੈ। ਇਸ ਮੌਕੇ ਦਿਹਾਤੀ ਕਾਂਗਰਸ ਦੇ ਪ੍ਰਧਾਨ ਸ. ਭਗਵੰਤਪਾਲ ਸਿੰਘ ਸੱਚਰ, ਸਿਵਲ ਸਰਜਨ ਡਾ ਜੁਗਲ ਕਿਸ਼ੋਰ, ਡਾ. ਕਿਰਨਦੀਪ ਕੌਰ, ਡਾ. ਰਮਿੰਦਰ ਸਿੰਘ ਸੇਠੀ, ਡਾ. ਮਦਨ ਮੋਹਨ, ਡਾ. ਰਮੇਸ਼ਪਾਲ, ਡਾ. ਸ਼ਰਨਜੀਤ ਕੌਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਇਸ ਤੋਂ ਪਹਿਲਾਂ ਸਿਹਤ ਮੰਤਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ। ਉਨਾਂ ਇਸ ਮੌਕੇ ਇਲਾਹੀ ਬਾਣੀ ਦਾ ਕੀਰਤਨ ਸਰਵਣ ਕੀਤਾ ਅਤੇ ਲੰਗਰ ਹਾਲ ਵਿਚ ਬੈਠ ਕੇ ਲੰਗਰ ਵੀ ਛਕਿਆ। ਸ਼੍ਰੋਮਣੀ ਕਮੇਟੀ ਵੱਲੋਂ ਸ. ਸਿੱਧੂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਕੈਪਸ਼ਨ

-ਡਾਕਟਰਾਂ ਨਾਲ ਮੀਟਿੰਗ ਕਰਦੇ ਸਿਹਤ ਮੰਤਰੀ ਸ. ਬਲਬੀਰ ਸਿੰਘ ਸਿੱਧੂ।

-ਸ੍ਰੀ ਦਰਬਾਰ ਸਾਹਿਬ ਨਤਮਸਤਕ ਹੁੰਦੇ ਸ. ਬਲਬੀਰ ਸਿੰਘ ਸਿੱਧੂ। ਨਾਲ ਹਨ ਸ. ਭਗਵੰਤਪਾਲ ਸਿੰਘ ਸੱਚਰ।
============

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਕਿਸਾਨਾਂ ਨੂੰ ਮਿਆਰੀ ਬੀਜਾਂ ਦੀ ਉਪਲੱਬਧਤਾ ਲਈ ਹਮੇਸ਼ਾ ਤੱਤਪਰ: ਡਾਇਰੈਕਟਰ ਖੇਤੀਬਾੜੀ

ਕੋਵਿਡ-19 ਦੌਰਾਨ ਬੀਜ ਐਕਟ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਰਵਾਏ ਪਰਚੇ ਦਰਜ਼

ਅੰਮ੍ਰਿਤਸਰ 31 ਮਈ ( )--

ਡਾਇਰੈਕਟਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ, ਡਾ. ਸੁਤੰਤਰ ਕੁਮਾਰ ਐਰੀ ਨੇ ਆਪਣੇ ਅੰਮ੍ਰਿਤਸਰ ਦੌਰੇ ਦੌਰਾਨ ਦੱਸਿਆ ਕਿ ਖੇਤੀਬਾੜੀ ਵਿਭਾਗ ਸ਼ੁਰੂ ਤੋ ਹੀ ਕਿਸਾਨਾਂ ਨੂੰ ਫਸਲਾਂ ਦੀਆ ਮਨਜੂਰਸ਼ੁਦਾ ਕਿਸਮਾਂ ਦੇ ਮਿਆਰੀ ਦੇ ਬੀਜ ਅਤੇ ਹੋਰ ਖੇਤੀ ਇੰਨਪੁਟਸ ਖਾਦ,ਕੀੜੇਮਾਰ ਦਵਾਈਆਂ ਆਦਿ ਦੀ ਸਪਲਾਈ ਲਈ ਵਚਨਬੱਧ ਰਹਿੰਦਾ ਹੈ। ਉਨਾਂ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋ ਮਿਆਰੀ ਖੇਤੀ ਇੰਨਪੁਟਸ ਦੀ ਸਪਲਾਈ ਯਕੀਨੀ ਬਣਾਉਣ ਸਮੇ ਸਮੇ ਤੇ ਚੈਕਿੰਗ ਕੀਤੀਆਂ ਜਾਂਦੀਆ ਹਨ ਜਿਸ ਦੇ ਲਈ ਬਲਾਕ ਖੇਤੀਬਾੜੀ ਅਫਸਰ ਅਤੇ ਸਟਾਫ ਪੂਰੀ ਨਜਰ ਰੱਖਦਾ ਹੈ।ਇਸ ਤੋ ਇਲਾਵਾ ਹਰੇਕ ਜਿਲੇ ਵਿੱਚ ਖਾਸ ਉਡਣ ਦਸਤੇ ਵੀ ਬਣਾਏ ਜਾਂਦੇ ਹਨ ਜਿਹੜੇ ਜਗਾ-ਜਗਾਂ ਤੇ ਚੈਕਿੰਗ ਕਰਦੇ ਹਨ ਅਤੇ ਮਿਆਰੀ ਇੰਨਪੁਟਸ ਦੀ ਸਪਲਾਈ ਯਕੀਨੀ ਬਣਾਉਦੇ ਹਨ। ਉਨਾਂ ਦੱਸਿਆ ਕਿ ਕੋਵਿੰਡ-19 ਕਰਕੇ ਅਕਸਰ ਬਜਾਰ ਬੰਦ ਰਹਿਣ ਦੇ ਬਾਵਜੂਦ ਵੀ ਖੇਤੀਬਾੜੀ ਵਿਭਾਗ ਦੇ ਉਡਣ ਦਸਤਿਆਂ ਵੱਲੋ ਵੱਧ ਤੋ ਵੱਧ ਚੈਕਿੰਗ ਕੀਤੀਆਂ ਗਈਆ ਜਿਸ ਦੌਰਾਨ ਜਿਹੜੇ ਕੁਝ ਡੀਲਰ ਬੀਜ ਐਕਟ 1966,ਬੀਜ (ਕੰਟਰੋਲ) ਹੁਕਮ 1983 ਦੀਆਂ ਹਦਾਇਤਾਂ ਤੋ ਉਲਟ ਵਿਕਰੀ ਕਰਦੇ ਪਾਏ ਗਏ, ਉਹਨਾਂ ਵਿਰੁੱਧ ਪਰਚੇ ਦਰਜ ਕਰਵਾਏ ਅਤੇ ਸਬੰਧਤ ਡੀਲਰਾਂ ਖਿਲਾਫ ਬੀਜ ਐਕਟ 1966, ਬੀਜ (ਕੰਟਰੋਲ) ਹੁਕਮ 1983 ਅਧੀਨ ਯੋਗ ਕਾਰਵਾਈ ਕੀਤੀ ਜਾ ਰਹੀ ਹੈ।ਇਸ ਤੋ ਇਲਾਵਾ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਕੋਵਿੰਡ-19 ਦੌਰਾਨ ਲਾਕਡਾਊਨ/ਕਰਫਿਊ ਦਾ ਨਜਾਇਜ ਫਾਇਦਾ ਉਠਾਉਦੇ ਹੋਏ ਕੁਝ ਬੀਜ ਵਿਕਰੇਤਾਵਾ ਵੱਲੋ ਕਿਸਾਨਾਂ ਨੂੰ ਅਣਅਧਿਕਾਰਤ ਕਿਸਮਾਂ ਦੀ ਵਿਕਰੀ ਕੀਤੀ ਗਈ ਹੈ ।ਉਹਨਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਬੀਜੀ ਹੋਈ ਫਸਲ ਤੇ ਨਿਗਰਾਨੀ ਜਰੂਰ ਰੱਖਣ । ਜੇਕਰ ਕਿਸੇ ਕਿਸਾਨ ਨੂੰ ਇਸ ਸਬੰਧੀ ਕੋਈ ਸ਼ਿਕਾਇਤ ਹੋਵੇ ਤਾਂ ਉਹ ਇੱਕ ਐਫੀਡੇਵਿੰਟ ਅਤੇ ਡੀਲਰ ਵੱਲੋ ਭੇਜਿਆ ਬਿੱਲ, ਦਸਤੀ ਸਾਡੇ ਬਲਾਕ ਖੇਤੀਬਾੜੀ ਅਫਸਰ ਦੇ ਦਫਤਰ ਪਹੁਚਾਉਣ ਦੀ ਖੇਚਲ ਕਰਨ ਅਤੇ ਰਸੀਦ ਜਰੂਰ ਪ੍ਰਾਪਤ ਕਰ ਲੈਣ।ਖੇਤੀਬਾੜੀ ਵਿਭਾਗ ਕਿਸਾਨਾਂ ਨੂੰ ਇਹ ਯਕੀਨ ਦਿਵਾਉਦਾ ਹੈ ਕਿ ਸਬੰਧਤ ਡੀਲਰਾਂ ਖਿਲਾਫ ਬੀਜ ਐਕਟ 1966, ਬੀਜ (ਕੰਟਰੋਲ) ਹੁਕਮ 1983 ਅਧੀਨ ਸਖਤ ਤੋ ਸਖਤ ਅਮਲ ਵਿੱਚ ਲਿਆਂਦੀ ਜਾਵੇਗੀ।

ਇਸ ਮੌਕੇ ਗੁਰਦਿਆਲ ਸਿੰਘ ਬੱਲ, ਮੁੱਖ ਖੇਤੀਬਾੜੀ ਅਫਸਰ,ਅੰਮ੍ਰਿਤਸਰ,ਕੁਲਜੀਤ ਸਿੰਘ ਸੈਣੀ, ਮੁੱਖ ਖੇਤੀਬਾੜੀ ਅਫਸਰ,ਤਰਨ ਤਾਰਨ,ਮਸਤਿੰਦਰ ਸਿੰਘ ਵਿਸ਼ਾ ਵਸਤੂ ਮਾਹਿਰ (ਫਾਰਮ ਮੈਨਜਮੈਂਟ),ਸੁਖਚੈਨ ਸਿੰਘ ਗੰਡੀਵਿੰਡ,ਡਾ.ਪਰਜੀਤ ਸਿੰਘ ਔਲਖ,ਸੁਖਮਿੰਦਰ ਸਿੰਘ (ਸਾਰੇ ਖੇਤੀਬਾੜੀ ਵਿਕਾਸ ਅਫਸਰ) ਵੀ ਮੌਜੂਦ ਸਨ।

========